# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-08-2024**

- ਦੇਸ਼ ਭਲਕੇ ਆਪਣਾ 78ਵਾਂ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਏਗਾ, ਦਿੱਲੀ ਵਿਚ ਲਾਲ ਕਿਲੇ ਤੇ ਹੋਣ ਵਾਲੇ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਆਜ਼ਾਦੀ ਦਿਵਸ ਦੀ ਪੂਰਵ ਸੰਧਿਆ 'ਤੇ ਅੱਜ ਸ਼ਾਮ 7 ਵਜੇ ਰਾਸ਼ਟਰ ਨੂੰ ਸੰਬੋਧਨ ਕਰਨਗੇ।
- ਤੀਜੀ "ਹਰ ਘਰ ਤਿਰੰਗਾ" ਮੁਹਿੰਮ ਨੂੰ ਲੈ ਕੇ ਪੰਜਾਬ ਵਿਚ ਤਿਰੰਗਾ ਰੈਲੀਆਂ ਕੱਢਣ ਦਾ ਸਿਲਸਿਲਾ ਜਾਰੀ ਏ।
- ਪੰਜਾਬ ਮੰਤਰੀ ਮੰਡਲ ਨੇ 16ਵੀਂ ਸੂਬਾ ਵਿਧਾਨ ਸਭਾ ਦਾ ਸੱਤਵਾਂ ਇਜਲਾਸ 2 ਤੋਂ 4 ਸਤੰਬਰ ਤੱਕ ਸੱਦਣ ਦੀ ਪ੍ਰਵਾਨਗੀ ਦਿੱਤੀ।

---

ਦੇਸ਼ ਭਲਕੇ ਆਪਣਾ 78ਵਾਂ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਏਗਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਿੱਲੀ ਦੇ ਇਤਿਹਾਸਕ ਲਾਲ ਕਿਲ੍ਹੇ ਤੋਂ ਆਜ਼ਾਦੀ ਦਿਵਸ ਮਨਾਉਣ ਵਿੱਚ ਦੇਸ਼ ਦੀ ਅਗਵਾਈ ਕਰਨਗੇ । ਉਹ ਕੌਮੀ ਝੰਡਾ ਲਹਿਰਾਉਣਗੇ ਅਤੇ ਲਾਲ ਕਿਲ੍ਹੇ ਤੋਂ ਰਾਸ਼ਟਰ ਨੂੰ ਸੰਬੋਧਨ ਕਰਨਗੇ । ਇਸ ਸਮਾਗਮ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ ਅਤੇ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਗਏ ਨੇ । ਸਮਾਗਮ ਵਿੱਚ ਸ਼ਾਮਲ ਹੋਣ ਲਈ ਸਰਕਾਰ ਨੇ ਦੇਸ਼ ਭਰ ਤੋਂ ਕੋਈ ਛੇ ਹਜ਼ਾਰ ਵਿਸ਼ੇਸ਼ ਮਹਿਮਾਨਾਂ ਨੂੰ ਸੱਦਾ ਦਿੱਤਾ ਏ । 24 ਵੱਖ-ਵੱਖ ਸ਼੍ਰੇਣੀਆਂ ਦੇ ਵਿਅਕਤੀਆਂ ਦਾ ਇਹ ਇਕੱਠ ਦੇਸ਼ ਦੀਆਂ ਜ਼ਮੀਨੀ ਪੱਧਰ ਦੀਆਂ ਪਹਿਲਕਦਮੀਆਂ ਦੀ ਵਿਭਿੰਨਤਾ ਦਰਸਾਏਗਾ । ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਦਾ ਲਾਭ ਲੈਣ ਵਾਲੇ ਕੁੱਲ 250 ਕਿਸਾਨਾਂ ਨੂੰ ਵਿਸ਼ੇਸ਼ ਮਹਿਮਾਨ ਵਜੋਂ ਬੁਲਾਇਆ ਗਿਆ ਏ । ਇਹ ਉਨ੍ਹਾਂ ਲੱਖਾਂ ਕਿਸਾਨਾਂ ਦੀ ਨੁਮਾਇੰਦਗੀ ਕਰਨਗੇ ਜਿਨ੍ਹਾਂ ਦੇ ਜੀਵਨ 'ਤੇ ਸਰਕਾਰ ਦੀ ਸਿੱਧੀ ਆਮਦਨ ਮਦਦ ਨਾਲ ਹਾਂ ਪੱਖੀ ਅਸਰ ਪਿਆ ਏ ।

---

ਆਜ਼ਾਦੀ ਦਿਵਸ ਦੀ ਪੂਰਵ ਸੰਧਿਆ 'ਤੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਸ਼ਾਮ 7 ਵਜੇ ਰਾਸ਼ਟਰ ਨੂੰ ਸੰਬੋਧਨ ਕਰਨਗੇ । ਇਹ ਸੰਬੋਧਨ ਆਕਾਸ਼ਵਾਣੀ ਦੇ ਪੂਰੇ ਨੈੱਟਵਰਕ 'ਤੇ ਪ੍ਰਸਾਰਿਤ ਕੀਤਾ ਜਾਵੇਗਾ । ਦੂਰਦਰਸ਼ਨ ਦੇ ਸਾਰੇ ਚੈਨਲ ਇਸ ਨੂੰ ਹਿੰਦੀ ਅਤੇ ਫਿਰ ਅੰਗਰੇਜ਼ੀ ਵਿੱਚ ਪ੍ਰਸਾਰਿਤ ਕਰਨਗੇ । ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ 'ਚ ਸੰਬੋਧਨ ਦੇ ਪ੍ਰਸਾਰਣ ਤੋਂ ਤੁਰੰਤ ਬਾਅਦ ਖੇਤਰੀ ਭਾਸ਼ਾ 'ਚ ਇਹ ਸੰਬੋਧਨ ਪ੍ਰਸਾਰਿਤ ਕੀਤਾ ਜਾਵੇਗਾ । ਆਕਾਸ਼ਵਾਣੀ ਇਸ ਨੂੰ ਆਪਣੇ ਖੇਤਰੀ ਨੈੱਟਵਰਕ 'ਤੇ ਰਾਤ ਸਾਢੇ 9 ਵਜੇ ਖੇਤਰੀ ਭਾਸ਼ਾ 'ਚ ਪ੍ਰਸਾਰਿਤ ਕਰੇਗਾ । ਰਾਸ਼ਟਰਪਤੀ ਦੇ ਸੰਬੋਧਨ ਨੂੰ ਵੇਖਦਿਆਂ ਆਕਾਸ਼ਵਾਣੀ ਜਲੰਧਰ ਤੋਂ ਸ਼ਾਮ ਸਾਢੇ ਸੱਤ ਵਜੇ ਪ੍ਰਸਾਰਤ ਹੋਣ ਵਾਲਾ ਖ਼ਬਰਾਂ ਦਾ ਬੁਲੇਟਿਨ ਰਾਤ ਅੱਠ ਵਜੇ ਪ੍ਰਸਾਰਤ ਹੋਵੇਗਾ ।

---

ਦੇਸ਼ ਭਰ ਵਿਚ ਤੀਜੀ “ਹਰ ਘਰ ਤਿਰੰਗਾ” ਮੁਹਿੰਮ ਇਨੀਂ ਦਿਨੀਂ ਪੂਰੇ ਜ਼ੋਰ ਨਾਲ ਚਲ ਰਹੀ ਏ । ਇਸ ਪਹਿਲਕਦਮੀ ਦਾ ਮੰਤਵ ਹਰ ਭਾਰਤੀ

ਨੂੰ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਉਣ ਲਈ ਉਤਸ਼ਾਹਿਤ ਕਰਕੇ ਨਾਗਰਿਕਾਂ ਵਿੱਚ ਦੇਸ਼ ਭਗਤੀ ਅਤੇ ਰਾਸ਼ਟਰੀ ਸਵੈਮਾਣ ਦੀ ਭਾਵਨਾ ਪੈਦਾ ਕਰਨਾ ਏ। ਪੰਜਾਬ ਦੇ ਲੋਕਾਂ ਵਿਚ ਵੀ ਇਸ ਮੁਹਿੰਮ ਨੂੰ ਲੈ ਕੇ ਭਾਰੀ ਉਤਸ਼ਾਹ ਏ। ਪਠਾਨਕੋਟ ਵਿੱਚ ਯੁਵਾ ਮੋਰਚਾ ਵੱਲੋਂ ਤਿਰੰਗਾ ਯਾਤਰਾ ਕੱਢੀ ਗਈ। ਚਿਲਡਰਨ ਪਾਰਕ ਤੋਂ ਸ਼ੁਰੂ ਹੋ ਕੇ ਇਹ ਯਾਤਰਾ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਲੰਘੀ। ਵਰਕਰਾਂ ਨੇ ਹੱਥਾਂ ਵਿੱਚ ਰਾਸ਼ਟਰੀ ਝੰਡਾ ਫੜ ਕੇ ਸ਼ਹਿਰ ਵਿੱਚ ਭਾਰਤ ਮਾਤਾ ਦੀ ਜੈ ਦੇ ਨਾਅਰੇ ਲਾਏ। ਪਠਾਨਕੋਟ ਤੋਂ ਭਾਜਪਾ ਦੇ ਵਿਧਾਇਕ ਅਤੇ ਸਾਬਕਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਯਾਤਰਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਤਿਰੰਗਾ ਯਾਤਰਾ ਦਾ ਵੱਖ-ਵੱਖ ਥਾਵਾਂ 'ਤੇ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ। ਅਸ਼ਵਨੀ ਸ਼ਰਮਾ ਨੇ ਲੋਕਾਂ ਨੂੰ 15 ਅਗਸਤ ਨੂੰ ਆਪੋ ਆਪਣੇ ਘਰਾਂ ਵਿੱਚ ਤਿਰੰਗਾ ਝੰਡਾ ਲਹਿਰਾਉਣ ਦੀ ਅਪੀਲ ਕੀਤੀ ਏ।

---------------------------------------------------

ਏਧਰ ਪੰਜਾਬ ਵਿਚ ਵੀ ਆਜ਼ਾਦੀ ਦਿਵਸ ਧੂਮ ਧਾਮ ਨਾਲ ਮਨਾਉਣ

ਦੀਆਂ ਤਿਆਰੀਆਂ ਕਰ ਲਈਆਂ ਗਈਆਂ ਨੇ। ਸੂਬਾ ਪੱਧਰੀ ਸਮਾਗਮ ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਹੋਵੇਗਾ। ਮੁਖ ਮੰਤਰੀ ਭਗਵੰਤ ਸਿੰਘ ਮਾਨ ਇਸ ਮੌਕੇ ਤਿਰੰਗਾ ਝੰਡਾ ਲਹਿਰਾਉਣਗੇ। ਇਸ ਸਮਾਗਮ ਨੂੰ ਦੇਖਦਿਆਂ ਜਲੰਧਰ ਸ਼ਹਿਰ ਵਿਚ ਸੁਰੱਖਿਆ ਦੇ ਸਖਤ ਇੰਤਜਾਮ ਕੀਤੇ ਗਏ ਨੇ। ਸੂਬੇ ਦੇ ਵੱਖ ਵੱਖ ਜ਼ਿਲਾ ਹੈਡ ਕੁਆਰਟਰਾਂ ਤੇ ਕੈਬਿਨੇਟ ਮੰਤਰੀ ਤਿਰੰਗਾ ਝੰਡਾ ਲਹਿਰਾਉਣਗੇ।

---------------------------------------------

ਏਧਰ ਭਾਜਪਾ ਯੁਵਾ ਮੋਰਚਾ ਜਲੰਧਰ ਨੇ ਜ਼ਿਲ੍ਹਾ ਪ੍ਰਧਾਨ ਪੰਕਜ ਜੁਲਕਾ ਦੀ ਪ੍ਰਧਾਨਗੀ ਹੇਠ ਕਲ ਇਕ ਮੋਟਰਸਾਈਕਲ ਕੱਢੀ। ਇਹ ਰੈਲੀ ਭਗਤ ਸਿੰਘ ਚੌਕ ਤੋਂ ਸ਼ੁਰੂ ਹੋ ਕੇ ਕੰਪਨੀ ਬਾਗ਼ ਚੌਕ ਵਿਖੇ ਸਮਾਪਤ ਹੋਈ। ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ ਤੇ ਜ਼ਿਲ੍ਹਾ ਜਨਰਲ ਸਕੱਤਰ ਰਾਜੇਸ਼ ਕਪੂਰ ਸਮੇਤ ਹੋਰ ਆਗੂ ਅਤੇ ਯੁਵਾ ਮੋਰਚਾ ਦੇ ਸੈਂਕੜੇ ਨੌਜਵਾਨਾਂ ਨੇ ਇਸ ਵਿਚ ਸ਼ਮੂਲੀਅਤ ਕੀਤੀ। ਮੋਰਚਾ ਦੇ ਵਰਕਰ ਹੱਥਾਂ ਵਿਚ ਤਿਰੰਗਾ ਫੜ ਕੇ ਯਾਤਰਾ ਦੌਰਾਨ ਕਾਫੀ ਉਤਸ਼ਾਹਿਤ ਨਜ਼ਰ ਆਏ ਅਤੇ ਪੂਰਾ ਮਾਹੌਲ ਵੰਦੇ ਮਾਤਰਮ ਤੇ ਭਾਰਤ ਮਾਤਾ ਦੀ ਜੈ ਦੇ ਨਾਅਰਿਆਂ ਨਾਲ ਗੂੰਜ

ਉੱਠਿਆ। ਆਪਣੇ ਸੰਬੋਧਨ ਵਿਚ ਰਾਕੇਸ਼ ਰਾਠੌਰ ਨੇ ਕਿਹਾ ਕਿ ਤਿਰੰਗਾ ਯਾਤਰਾ ਦਾ ਮਕਸਦ ਆਜ਼ਾਦੀ ਘੁਲਾਟੀਆਂ, ਬਹਾਦਰ ਸ਼ਹੀਦਾਂ ਨੂੰ ਸਲਾਮ ਕਰਨਾ ਅਤੇ ਅਮਰ ਸ਼ਹੀਦਾਂ ਤੇ ਆਜ਼ਾਦੀ ਘੁਲਾਟੀਆਂ ਦੇ ਸੰਘਰਸ਼ ਅਤੇ ਕੁਰਬਾਨੀਆਂ ਨੂੰ ਯਾਦ ਕਰਨਾ ਏ । ਉਨ੍ਹਾਂ ਸਮੂਹ ਨੌਜਵਾਨਾਂ ਨੂੰ ਬਾਜ਼ਾਰਾਂ ਤੇ ਹੋਰ ਜਨਤਕ ਥਾਵਾਂ 'ਤੇ ਝੰਡੇ ਲਹਿਰਾਉਣ ਦਾ ਸੱਦਾ ਦਿੱਤਾ। ਸੀਮਾ ਸੁਰੱਖਿਆ ਬੱਲ ਦੇ ਜਵਾਨਾਂ ਨੇ ਹਰ ਘਰ ਤਿਰੰਗਾ ਮੁਹਿੰਮ ਤਹਿਤ ਗੁਰਦਾਸਪੁਰ ਵਿਚ ਅੱਜ ਇਕ ਤਿਰੰਗਾ ਰੈਲੀ ਕੱਢੀ ਅਤੇ ਲੋਕਾਂ ਨੂੰ ਦੇਸ਼ਭਕਤੀ ਦਾ ਸੁਨੇਹਾ ਦਿੱਤਾ। ਮੋਗਾ ਦੇ ਵਿਦਿਆਰਥੀ ਪਰਵ ਬੰਸਲ ਨੇ ਕਿਹਾ ਕਿ ਉਹ ਪੂਰੇ ਉਤਸ਼ਾਹ ਨਾਲ ਆਜ਼ਾਦੀ ਦਿਵਸ ਮਨਾਉਣਗੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਕੈਬਨਿਟ ਨੇ 16ਵੀਂ ਪੰਜਾਬ ਵਿਧਾਨ ਸਭਾ ਦਾ ਸੱਤਵਾਂ ਇਜਲਾਸ 2 ਤੋਂ 4 ਸਤੰਬਰ ਤੱਕ ਸੱਦਣ ਦੀ ਪ੍ਰਵਾਨਗੀ ਦੇ ਦਿੱਤੀ ਏ। ਚੰਡੀਗੜ੍ਹ ਵਿਚ ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਇਕ ਬੁਲਾਰੇ ਨੇ

ਦੱਸਿਆ ਕਿ ਇਸ ਸਬੰਧੀ ਫੈਸਲਾ ਮੁੱਖ ਮੰਤਰੀ ਦੀ ਅਗਵਾਈ ਹੇਠ ਅੱਜ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਇਜਲਾਸ ਦੀ ਸ਼ੁਰੂਆਤ 2 ਸਤੰਬਰ ਨੂੰ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਨਾਲ ਹੋਵੇਗੀ ਅਤੇ ਬਾਕੀ ਤਿੰਨ ਦਿਨਾਂ ਕੰਮਕਾਜ ਦਾ ਫੈਸਲਾ ਬਿਜ਼ਨਸ ਐਡਵਾਈਜ਼ਰੀ ਕਮੇਟੀ ਵੱਲੋਂ ਛੇਤੀ ਹੀ ਕੀਤਾ ਜਾਵੇਗਾ। ਮੰਤਰੀ ਮੰਡਲ ਨੇ ਜ਼ਮੀਨ-ਜਾਇਦਾਦ ਦੀ ਰਜਿਸਟਰੇਸ਼ਨ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਦੀ ਸ਼ਰਤ ਨੂੰ ਸਿਧਾਂਤਕ ਤੌਰ ਤੇ ਖ਼ਤਮ ਕਰਨ ਦੀ ਸਹਿਮਤੀ ਦੇ ਦਿੱਤੀ ਏ। ਇਸ ਮਾਮਲੇ ਨੂੰ ਕੈਬਨਿਟ ਦੀ ਅਗਲੀ ਮੀਟਿੰਗ ਵਿੱਚ ਲਿਆਂਦਾ ਜਾਵੇਗਾ। ਇਸ ਦਾ ਇਕੋ-ਇਕ ਮੰਤਵ ਆਮ ਜਨਤਾ ਨੂੰ ਸਹੂਲਤ ਦੇਣਾ ਏ ਕਿਉਂਕਿ ਗੈਰ ਕਾਨੂੰਨੀ ਕਾਲੋਨਾਈਜ਼ਰ ਸਬਜ਼ਬਾਗ ਦਿਖਾ ਕੇ ਲੋਕਾਂ ਨੂੰ ਲੁੱਟਦੇ ਨੇ ਅਤੇ ਬਿਨਾਂ ਪ੍ਰਵਾਨਗੀ ਵਾਲੀਆਂ ਕਲੋਨੀਆਂ ਵੇਚ ਦਿੰਦੇ ਨੇ।

-------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਨੇ ਵਿਸ਼ਵ ਪੱਧਰ ‘ਤੇ ਨੌਜਵਾਨਾਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ

ਬਦਲਾਅ ਲਿਆਉਣ ਵਾਸਤੇ ਨੌਜਵਾਨ ਵਰਗ ਨੂੰ ਇਕ ਏਜੰਟ ਵਜੋਂ ਕੰਮ ਕਰਨ ਲਈ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਕੌਮਾਂਤਰੀ ਨੌਜਵਾਨ ਦਿਵਸ ਤੇ ਇਕ ਪ੍ਰੋਗਰਾਮ ਕਰਵਾਇਆ । ਪੰਜਾਬ ਦੀਆਂ ਵੱਖ—ਵੱਖ ਵਿਦਿਅਕ ਸੰਸਥਾਵਾਂ ਦੇ 100 ਤੋਂ ਵੱਧ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇਸ ਵਿਚ ਹਿੱਸਾ ਲਿਆ। ਇਸ ਵਾਰ ਦਾ ਵਿਸ਼ਾ "ਸ਼ੁਰੂ ਤੋਂ ਤਰੱਕੀ ਤੱਕ: ਸਥਾਈ ਵਿਕਾਸ ਲਈ ਨੌਜਵਾਨਾਂ ਨੂੰ ਡਿਜ਼ੀਟਲ ਤਕਨੀਕਾਂ ਦੇ ਰਾਹ ਪਾਉਣਾ" ਰਿਹਾ । ਸਾਇੰਸ ਸਿਟੀ ਦੇ ਡਾਇਰੈਕਟਰ ਰਾਜੇਸ਼ ਗਰੋਵਰ ਨੇ ਨੌਜਵਾਨਾਂ ਵਲੋਂ ਲਿਆਂਦੀ ਜਾ ਰਹੀ ਕਮਾਲ ਦੀ ਨਵੀਨਤਾ ਅਤੇ ਰਚਨਾਤਮਿਕਤਾ ‘ਤੇ ਚਾਨਣਾ ਪਾਉਂਦਿਆ ਕਿਹਾ ਕਿ ਨੌਜਵਾਨ ਵਰਗ ਸਿਰਫ਼ ਤਕਨੀਕਾਂ ਨੂੰ ਵਰਤੋਂ ਕਰਨ ਵਾਲੇ ਹੀ ਨਹੀਂ ਨੇ ਸਗੋਂ ਇਹ ਨਵੀਆਂ - ਨਵੀਆਂ ਖੋਜਾਂ ਕਰਨ ਅਤੇ ਤਬਦੀਲੀਆਂ ਲਿਆਉਣ ਵਾਲੇ ਆਗੂ ਨੇ । ਐਨ ਆਈ ਟੀ ਜਲੰਧਰ ਦੇ ਸਹਾਇਕ ਪ੍ਰੋਫ਼ੈਸਰ ਡਾ.ਮਹੇਸ਼ ਸਾਹ ਨੇ ਸਥਾਈ ਵਿਕਾਸ ਨੂੰ ਅੱਗੇ ਵਧਾਉਣ ਲਈ ਡਿਜ਼ੀਟਲ ਤਕਨੀਕਾਂ ਦੀ ਭੂਮਿਕਾਂ ਬਾਰੇ ਕਿਹਾ ਕਿ ਕੰਪਿਊਟਰ ਯੁੱਗ ਨੇ ਕਿਵੇਂ ਤਰੱਕੀ ਦੇ ਨਵੇਂ ਰਾਹ ਖੋਲ੍ਹੇ ਨੇ । ਉਨ੍ਹਾਂ ਡਿਜ਼ੀਟਲ ਤਕਨੀਕਾਂ ਦੀ

ਵਰਤੋਂ ਨਾਲ ਗੁੰਝਲਦਾਰ ਮੁੱਦਿਆਂ ਨੂੰ ਹੱਲ ਕਰਨ ਅਤੇ ਸਹਿਯੋਗੀ ਬਣਾਉਣ ‘ਤੇ ਨੌਜਵਾਨਾਂ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਯਤਨ ਹੀ ਹੋਰ ਸਥਿਰਤਾ ਦੀ ਪ੍ਰਾਪਤੀ ਲਈ ਦੁਨੀਆਂ ਵਿਚ ਜਰੂਰੀ ਤਬਦੀਲੀਆਂ ਨੂੰ ਉਤਸ਼ਾਹਿਤ ਕਰਦੇ ਨੇ।

--------------------------------------------------------------

ਭਾਰਤੀ ਸਟੇਟ ਬੈਂਕ ਵੱਲੋਂ ਫ਼ਤਹਿਗੜ੍ਹ ਸਾਹਿਬ ਜ਼ਿਲੇ ਦੇ ਮਹੱਦੀਆਂ ਵਿਖੇ ਸਥਿਤ ਆਰਸੇਟੀ ਵਿੱਚ ਵਿਭਾਜਨ ਵਿਭਿਸ਼ਿਕਾ ਸਮ੍ਰਿਤੀ ਦਿਵਸ ਮਨਾਇਆ ਗਿਆ। ਇਸ ਮੌਕੇ ਦੇਸ਼ ਦੀ ਵੰਡ ਸਬੰਧੀ ਪ੍ਰਦਰਸ਼ਨੀ ਵੀ ਲਗਾਈ ਗਈ ਜਿਸ ਵਿੱਚ ਵੰਡ ਦੇ ਮਾੜੇ ਸਮੇਂ ਨੂੰ ਯਾਦ ਕਰਦਿਆਂ ਸੀਨੀਅਰ ਸਿਟੀਜਨ ਐਸੋਸੀਏਸ਼ਨ ਦੇ ਪ੍ਰਧਾਨ ਰਾਮ ਨਾਥ ਸ਼ਰਮਾ ਨੇ ਆਪਣੀਆਂ ਯਾਦਾਂ ਸਾਂਝੀਆਂ ਕੀਤੀਆਂ। ਪਿੰਡ ਮਹੱਦੀਆਂ ਦੇ ਸਰਪੰਚ ਹਰਧੀਰ ਸਿੰਘ ਸਮੇਤ ਹੋਰਨਾਂ ਬੁਲਾਰਿਆਂ ਨੇ ਵੀ ਵੰਡ ਸਮੇਂ ਦੀਆਂ ਯਾਦਾਂ ਬਾਰੇ ਦੱਸਿਆ। ਐਲ ਡੀ ਐਮ ਮੁਕੇਸ਼ ਕੁਮਾਰ ਸੈਣੀ ਅਤੇ ਆਰਸੇਟੀ ਦੇ ਡਾਇਰੈਕਟਰ ਰਾਮ ਲਾਲ ਔਜਲਾ ਨੇ ਭਾਗੀਦਾਰਾਂ ਨੂੰ ਵਿਭਾਜਨ ਵਿਭਿਸ਼ਿਕਾ ਸਮ੍ਰਿਤੀ ਬਾਰੇ ਜਾਣੂ ਕਰਵਾਇਆ। ਆਰਸੇਟੀ ਵਿੱਚ

ਸਿਖਲਾਈ ਹਾਸਿਲ ਕਰ ਰਹੇ ਸਿਖਿਆਰਥੀ ਵੀ ਸਮਾਗਮ ਦੌਰਾਨ ਹਾਜ਼ਰ ਰਹੇ ।

---------------------------------------------------

ਨੈਸ਼ਨਲ ਇੰਸਟੀਚਿਊਟਸ਼ਨਲ ਰੈਕਿੰਗ ਫਰੇਮਵਰਕ ਐੱਨ ਆਈ ਆਰ ਐੱਫ ਵੱਲੋਂ ਬੀਤੇ ਦਿਨੀਂ ਜਾਰੀ ਸਾਲ 2024 ਦੀ ਦਰਜਾਬੰਦੀ ਵਿਚ ਪੀ.ਏ.ਯੂ. ਨੂੰ ਦੇਸ਼ ਦੀਆਂ 75 ਖੇਤੀ ਯੂਨੀਵਰਸਿਟੀਆਂ ਵਿੱਚੋਂ ਸਿਖਰਲੇ ਸਥਾਨ ਦੀ ਰੈਂਕਿੰਗ ਹਾਸਲ ਹੋਈ ਏ । ਲਗਾਤਾਰ ਦੂਜੇ ਸਾਲ ਪੀ.ਏ.ਯੂ. ਇਸ ਸਥਾਨ ਤੇ ਰਹਿ ਕੇ ਦੇਸ਼ ਦੀ ਸਰਵੋਤਮ ਯੂਨੀਵਰਸਿਟੀ ਬਣੀ ਏ । ਖੇਤੀ ਸੰਸਥਾਵਾਂ ਦੇ ਵਿਸ਼ਾਲ ਵਰਗ ਵਿਚ ਖੇਤੀ ਦੇ ਨਾਲ-ਨਾਲ ਸੰਬੰਧਿਤ ਖੇਤਰਾਂ ਨੂੰ ਸ਼ਾਮਿਲ ਕਰਕੇ ਬਣਾਈ ਰੈਂਕਿੰਗ ਵਿਚ ਪੀ.ਏ.ਯੂ. - ਆਈ ਏ ਆਰ ਆਈ ਨਵੀਂ ਦਿੱਲੀ ਅਤੇ ਰਾਸ਼ਟਰੀ ਡੇਅਰੀ ਖੋਜ ਸੰਸਥਾਨ ਕਰਨਾਲ ਤੋਂ ਬਾਅਦ ਤੀਜੇ ਸਥਾਨ ਦੀ ਸੰਸਥਾ ਬਣਨ ਵਿਚ ਕਾਮਯਾਬ ਰਹੀ ਏ । ਅੱਜ ਯੂਨੀਵਰਸਿਟੀ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕਿਹਾ ਕਿ ਸਥਾਪਨਾ ਦੇ ਪਿਛਲੇ 62 ਸਾਲਾਂ ਦੌਰਾਨ ਪੀ.ਏ.ਯੂ. ਦੇਸ਼ ਹੀ ਨਹੀਂ

ਬਲਕਿ ਦੁਨੀਆਂ ਪੱਧਰ ਤੇ ਆਪਣੀ ਪਛਾਣ ਸਥਾਪਿਤ ਕਰਨ ਵਾਲੀ ਸੰਸਥਾ ਬਣੀ ਏ। ਪੰਜਾਬ ਤੋਂ ਇਲਾਵਾ ਉੱਤਰ ਭਾਰਤ ਵਿਚ ਖੇਤੀ ਨੂੰ ਵਿਗਿਆਨਕ ਰਾਹ ਤੇ ਤੋਰਨ ਕਾਰਨ ਪੀ.ਏ.ਯੂ. ਨੂੰ ਹਰੇ ਇਨਕਲਾਬ ਦੀ ਜਨਨੀ ਦਾ ਵਿਸ਼ੇਸ਼ਣ ਦਿੱਤਾ ਜਾਂਦਾ ਏ। ਰੈਂਕਿੰਗ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਨ ਤੇ ਮਾਣ ਦਾ ਪ੍ਰਗਟਾਵਾ ਕਰਦਿਆਂ ਡਾ. ਗੋਸਲ ਨੇ ਕਿਹਾ ਕਿ ਇਸ ਉੱਚਤਾ ਦਾ ਅਧਾਰ ਯੂਨੀਵਰਸਿਟੀ ਦੀ ਖੇਤੀ ਖੋਜ, ਵਿੱਦਿਅਕ ਪ੍ਰਣਾਲੀ ਅਤੇ ਪਸਾਰ ਢਾਂਚੇ ਨੂੰ ਮੰਨਿਆ ਗਿਆ ਏ।

---------------------------------------------------------------

ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਤਿੰਨ ਵਾਰ ਵਿਧਾਨ ਸਭਾ ਮੈਂਬਰ ਰਹੇ ਸੁਖਦੇਵ ਸਿੰਘ ਢਿੱਲੋਂ ਦਾ ਬਠਿੰਡਾ ਜ਼ਿਲੇ ਦੇ ਰਾਮਪੁਰਾ ਫੂਲ ਵਿਖੇ ਅੱਜ ਅੰਤਿਮ ਸਸਕਾਰ ਕਰ ਦਿੱਤਾ ਗਿਆ। ਤਲਵੰਡੀ ਸਾਬੋ ਤੋਂ ਵਿਧਾਇਕ ਬਲਜਿੰਦਰ ਕੌਰ, ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਤੇ ਐਸ ਐਸ ਪੀ ਅਮਨੀਤ ਕੌਂਡਲ ਨੇ ਉਨਾਂ ਨੂੰ ਸ਼ਰਧਾਂ ਦੇ ਫੁੱਲ ਭੇਂਟ ਕੀਤੇ। ਪੰਜਾਬ ਪੁਲਿਸ ਦੀ ਟੁਕੜੀ ਵਲੋਂ ਸਲਾਮੀ ਵੀ ਦਿੱਤੀ ਗਈ। ਸੁਖਦੇਵ ਸਿੰਘ ਢਿੱਲੋਂ ਨੇ 1985 ਵਿੱਚ ਰਾਮਪੁਰਾ ਫੂਲ ਹਲਕੇ ਦੀ

ਨੁਮਾਇੰਦਗੀ ਕੀਤੀ ਜਦਕਿ ਇਸ ਤੋਂ ਪਹਿਲਾਂ 1972 ਤੇ 1977 ਵਿੱਚ ਤਲਵੰਡੀ ਸਾਬੋਂ ਤੋਂ ਵਿਧਾਇਕ ਰਹੇ। ਉਹ 1980 ਦੇ ਦਹਾਕੇ ਦੇ ਅਖੀਰਲੇ ਸਮੇਂ ਦੌਰਾਨ ਮਰਹੂਮ ਸੁਰਜੀਤ ਸਿੰਘ ਬਰਨਾਲਾ ਦੀ ਸਰਕਾਰ ਦੌਰਾਨ ਸਿਹਤ ਮੰਤਰੀ ਰਹੇ।

-----------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਦੇਸ਼ ਭਲਕੇ ਆਪਣਾ 78ਵਾਂ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਏਗਾ, ਦਿੱਲੀ ਵਿਚ ਲਾਲ ਕਿਲੇ ਤੇ ਹੋਣ ਵਾਲੇ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਆਜ਼ਾਦੀ ਦਿਵਸ ਦੀ ਪੂਰਵ ਸੰਧਿਆ 'ਤੇ ਅੱਜ ਸ਼ਾਮ 7 ਵਜੇ ਰਾਸ਼ਟਰ ਨੂੰ ਸੰਬੋਧਨ ਕਰਨਗੇ।
- ਤੀਜੀ "ਹਰ ਘਰ ਤਿਰੰਗਾ" ਮੁਹਿੰਮ ਨੂੰ ਲੈ ਕੇ ਪੰਜਾਬ ਵਿਚ ਤਿਰੰਗਾ ਰੈਲੀਆਂ ਕੱਢਣ ਦਾ ਸਿਲਸਿਲਾ ਜਾਰੀ ਏ।
- ਪੰਜਾਬ ਮੰਤਰੀ ਮੰਡਲ ਨੇ 16ਵੀਂ ਸੂਬਾ ਵਿਧਾਨ ਸਭਾ ਦਾ ਸੱਤਵਾਂ ਇਜਲਾਸ 2 ਤੋਂ 4 ਸਤੰਬਰ ਤੱਕ ਸੱਦਣ ਦੀ ਪ੍ਰਵਾਨਗੀ ਦਿੱਤੀ।